Tape/CD: 1321

## ਪੰਨਾ ੧੨੬੭

### ਰਾਗੁ ਮਲਾਰ ਮਹਲਾ ੫ ਦੁਪਦੇ ਘਰੁ ੧

ਪ੍ਰਭ ਮੇਰੇ ਓਇ ਬੈਰਾਗੀ ਤਿਆਗੀ ॥ ਹਉ ਇਕੁ ਖਿਨੁ ਤਿਸੁ ਬਿਨੁ ਰਹਿ ਨ ਸਕਉ ਪ੍ਰੀਤਿ ਹਮਾਰੀ ਲਾਗੀ ॥ ੧ ॥ ਰਹਾਉ ॥

ਉਨ ਕੈ ਸੰਗਿ ਮੋਹਿ ਪ੍ਰਭੁ ਚਿਤਿ ਆਵੈ ਸੰਤ ਪ੍ਰਸਾਦਿ ਮੋਹਿ ਜਾਗੀ ॥ ਸੁਨਿ ਉਪਦੇਸੁ ਭਏ ਮਨ ਨਿਰਮਲ ਗੁਨ ਗਾਏ ਰੰਗਿ ਰਾਂਗੀ ॥ ੧ ॥ ਇਹੁ ਮਨੁ ਦੇਇ ਕੀਏ ਸੰਤ ਮੀਤਾ ਕ੍ਰਿਪਾਲ ਭਏ ਬਡਭਾਗੀਂ ॥ ਮਹਾ ਸੁਖੁ ਪਾਇਆ ਬਰਨਿ ਨ ਸਾਕਉ ਰੇਨੁ ਨਾਨਕ ਜਨ ਪਾਗੀ ॥ ੨ ॥ ੧ ॥ ੫ ॥

Tape/CD: 1321 ਪੰਨਾ ੮੯੮

ਰਾਮਕਲੀ ਮਹਲਾ ੫ ॥ ਇਹ ਲੋਕੇ ਸੁਖੁ ਪਾਇਆ ॥ ਨਹੀ ਭੇਟਤ ਧਰਮ
ਰਾਇਆ ॥ ਹਰਿ ਦਰਗਹ ਸੋਭਾਵੰਤ ॥ ਫੁਨਿ ਗਰਭਿ ਨਾਹੀ ਬਸੰਤ ॥ ੧ ॥
ਜਾਨੀ ਸੰਤ ਕੀ ਮਿਤ੍ਰਾਈ ॥ ਕਰਿ ਕਿਰਪਾ ਦੀਨੋ ਹਰਿ ਨਾਮਾ ਪੂਰਬਿ ਸੰਜੋਗਿ
ਮਿਲਾਈ ॥ ੧ ॥ ਰਹਾਉ ॥ ਗੁਰ ਕੈ ਚਰਣਿ ਚਿਤੁ ਲਾਗਾ ॥ ਧੰਨਿ ਧੰਨਿ
ਸੰਜੋਗੁ ਸਭਾਗਾ ॥ ਸੰਤ ਕੀ ਧੂਰਿ ਲਾਗੀ ਮੇਰੈ ਮਾਥੇ ॥ ਕਿਲਬਿਖ ਦੁਖ ਸਗਲੇ
ਮੇਰੇ ਲਾਥੇ ॥ ੨ ॥ ਸਾਧ ਕੀ ਸਚੁ ਟਹਲ ਕਮਾਨੀ ॥ ਤਬ ਹੋਏ ਮਨ ਸੁਧ
ਪਰਾਨੀ ॥ ਜਨ ਕਾ ਸਫਲ ਦਰਸੁ ਡੀਠਾ ॥ ਨਾਮੁ ਪ੍ਰਭੂ ਕਾ ਘਟਿ ਘਟਿ ਵੂਠਾ
॥ ੩ ॥ ਮਿਟਾਨੇ ਸਭਿ ਕਲਿ ਕਲੇਸ ॥ ਜਿਸ ਤੇ ਉਪਜੇ ਤਿਸੁ ਮਹਿ ਪਰਵੇਸ
॥ ਪ੍ਰਗਟੇ ਆਨੂਪ ਗੋੁਵਿੰਦ ॥ ਪ੍ਰਭ ਪੂਰੇ ਨਾਨਕ ਬਖਸਿੰਦ
॥ ੪ ॥ ੩੮ ॥ ੪੯ ॥

Tape/CD: 1321

ਪੰਨਾ ੧੨੬੩

ਮਲਾਰ ਮਹਲਾ ੪ ॥ ਗੰਗਾ ਜਮੁਨਾ ਗੋਦਾਵਰੀ ਸਰਸੁਤੀ ਤੇ ਕਰਹਿ ਉਦਮੁ ਧੂਰਿ ਸਾਧੂ ਕੀ ਤਾਈ ॥ ਕਿਲਵਿਖ ਮੈਲੁ ਭਰੇ ਪਰੇ ਹਮਰੈ ਵਿਚਿ ਹਮਰੀ ਮੈਲੁ ਸਾਧੂ ਕੀ ਧੂਰਿ ਗਵਾਈ ॥ ੧ ॥ ਤੀਰਥਿ ਅਠਸਠਿ ਮਜਨੁ ਨਾਈ ॥ ਸਤਸੰਗਤਿ ਕੀ ਧੂਰਿ ਪਰੀ ਉਡਿ ਨੇਤ੍ਰੀ ਸਭ ਦੁਰਮਤਿ ਮੈਲੁ ਗਵਾਈ ॥ ੧ ॥ ਰਹਾਉ ॥ ਜਾਹਰਨਵੀ ਤਪੈ ਭਾਗੀਰਥਿ ਆਣੀ ਕੇਦਾਰੁ ਥਾਪਿਓ ਮਹਸਾਈ ॥ ਕਾਂਸੀ ਕ੍ਰਿਸਨੁ ਚਰਾਵਤ ਗਾਊ ਮਿਲਿ ਹਰਿ ਜਨ ਸੋਭਾ ਪਾਈ ॥ ੨ ॥ ਜਿਤਨੇ ਤੀਰਥ ਦੇਵੀ ਥਾਪੇ ਸਭਿ ਤਿਤਨੇ ਲੋਚਹਿ ਧੂਰਿ ਸਾਧੂ ਕੀ ਤਾਈ ॥ ਹਰਿ ਕਾ ਸੰਤੁ ਮਿਲੈ ਗੁਰ ਸਾਧੂ ਲੈ ਤਿਸ ਕੀ ਧੂਰਿ ਮੁਖਿ ਲਾਈ ॥ ੩ ॥ ਜਿਤਨੀ ਸ੍ਰਿਸਟਿ ਤੁਮਰੀ ਮੇਰੇ ਸੁਆਮੀ ਸਭ ਤਿਤਨੀ ਲੋਚੈ ਧੂਰਿ ਸਾਧੂ ਕੀ ਤਾਈ ॥ ਨਾਨਕ ਲਿਲਾਟਿ ਹੋਵੈ ਜਿਸੁ ਲਿਖਿਆ ਤਿਸੁ ਸਾਧੂ ਧੂਰਿ ਦੇ ਹਰਿ ਪਾਰਿ ਲੰਘਾਈ ॥ ੪ ॥ ੨ ॥